ਨੰ: 11/73/2005-2ਸਿੱ.3/ 28137

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ
ਸੇਂਟ ਮੈਰੀ ਸਕੂਲ, ਮਹੱਦੀਆਂ,
ਜਿਲ੍ਹਾ ਫਤਿਹਗੜ੍ਹ ਸਾਹਿਬ।

ਮਿਤੀ,ਚੰਡੀਗੜ੍ਹ: 25.10.2005

ਵਿਸ਼ਾ:- ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸਨ ਕਰਾਉਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਆਪਦੇ ਪੱਤਰ ਨੰ: ਨਿਲ ਮਿਤੀ ਨਿਲ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ:) , ਫਤਿਹਗੜ੍ਹ ਸਾਹਿਬ ਅਤੇ ਡੀ.ਪੀ.ਆਈ.ਪ੍ਰਾਈਵੇਟ ਏਡਿਡ (ਸ) ਦੀਆਂ ਸਿਫਾਰਸਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵ੍ਹੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।
2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਸੀ.ਬੀ..ਐਸ.ਈ. ਅਜਿਹੇ ਸਕੂਲਾਂ.ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਚਲਦਾ ਪੰਨਾ/2

Principal
St. Mary's School
Mahadian (Fatehgarh Sahib)

3. ਸੀ.ਬੀ.ਐਸ.ਈ. ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵੱਲ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀਆਂ ਵੱਲ ਜਦ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

5. ਇਸ ਸਕੂਲ ਦੀ ਲਾਇਬ੍ਰੇਰੀ ਵਿੱਚ 1209 ਕਿਤਾਬਾਂ ਹਨ, ਜਦੋਂ ਕਿ ਹਦਾਇਤਾਂ ਅਨੁਸਾਰ 2000 ਕਿਤਾਬਾਂ ਚਾਹੀਦੀਆਂ ਹਨ। ਬਾਕੀ ਰਹਿੰਦੀਆਂ 791 ਮਿਤੀ 30-4-2006 ਤੱਕ ਖਰੀਦਣਾ ਯਕੀਨੀ ਬਣਾਇਆ ਜਾਵੇ।

6. ਸਕੂਲ ਵੱਲੋਂ ਕੀਤੇ ਗਏ ਖਰਚੇ ਅਤੇ ਆਮਦਨ ਸਬੰਧੀ ਬੈਲੰਸ ਸੀਟ ਵੀ ਪੇਸ਼ ਕਰਨੀ ਹੁੰਦੀ ਹੈ, ਪਰ ਸਕੂਲ ਦੀ ਮੈਨੇਜਮੈਂਟ ਵੱਲੋਂ ਦਿੱਤੇ ਗਏ ਹਲਫੀਆ ਬਿਆਨ ਅਨੁਸਾਰ ਬੈਲੰਸ ਸੀਟ ਅਗਲੇ ਸਾਲ ਤੱਕ ਇਹ ਬੈਲੰਸ ਸੀਟ ਪੇਸ਼ ਕਰਨੀ ਯਕੀਨੀ ਬਣਾਈ ਜਾਵੇ।

Tkaur

ਪ੍ਰਮੁੱਖ ਸਕੱਤਰ,ਸਕੂਲ ਸਿੱਖਿਆ

ਪਿੱਠ ਅੰਕਣ ਨੰ:11/73/2005-2ਸਿ.3/ ਮਿਤੀ,ਚੰਡੀਗੜ੍ਹ:

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ,ਪ੍ਰਾਈਵੇਟ ਏਡਿਡ (ਸ),ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ:15/60-05-ਗ੍ਰਾਂਟ-1 (4) ਮਿਤੀ 19-10-2005 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ,ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਸੁਪਰਡੈਂਟ

Principal
St. Mary's School
Mahadian (Fatehgarh Sahib)